**ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਮਿਲਟਰੀ ਸਟੇਸ਼ਨ ਦੇ ਆਸ-ਪਾਸ ਕਵਾਡਕਾਪਟਰ (ਡਰੋਨ ਕੈਮਰੇ) ਦੀ ਵਰਤੋ ’ਤੇ ਪਾਬੰਦੀ**

**ਫਾਜ਼ਿਲਕਾ, 6 ਅਪ੍ਰੈਲ**



ਜ਼ਿਲਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਫੌਜਦਾਰੀ ਜ਼ਾਬਤਾ ਸੰਘਤਾ 1973 (ਐਕਟ ਨੰ: 2 ਆਫ 1974) ਦੀ ਧਾਰਾ 144 ਤਹਿਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲਾ ਫਾਜ਼ਿਲਕਾ ’ਚ ਕਵਾਡਕਾਪਟਰ (ਡਰੋਨ ਕੈਮਰੇ) ਦੀ ਵਰਤੋ ’ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 31 ਮਈ 2021 ਤੱਕ ਲਾਗੂ ਰਹਿਣਗੇ।

ਜ਼ਿਲਾ ਮੈਜਿਸਟਰੇਟ ਨੇ ਜਾਰੀ ਹੁਕਮਾਂ ਵਿੱਚ ਕਿਹਾ ਕਿ ਆਮ ਨਾਗਰਿਕਾਂ ਵੱਲੋਂ ਮਿਲਟਰੀ ਸਟੇਸ਼ਨ, ਵਿਆਹ ਸ਼ਾਦੀਆਂ ਅਤੇ ਹੋਰ ਸਮਾਗਮਾਂ ਦੌਰਾਨ ਕਵਾਡਕਾਪਟਰ (ਡਰੋਨ ਕੈਮਰੇ) ਦੀ ਵਰਤੋਂ ਕੀਤੀ ਜਾਂਦੀ ਹੈ ਜਿਸ ਨਾਲ ਰਾਸ਼ਟਰੀ ਸੁਰੱਖਿਆ ਨੂੰ ਖਤਰਾ ਹੋਣ ਦਾ ਖਦਸ਼ਾ ਰਹਿੰਦਾ ਹੈ।

ਜ਼ਿਲਾ ਮੈਜਿਸਟਰੇਟ ਨੇ ਸਪੱਸ਼ਟ ਕੀਤਾ ਹੈ ਕਿ ਡਰੋਨ ਕੈਮਰੇ ਉਡਾਉਣਾ ‘‘ਆਪਰੇਸ਼ਨ ਆਫ ਸਿਵਲ ਰੀਮੋਟੀਲੀ ਪਾਇਲਟਿਡ ਏਅਰ ਕਰਾਫਟ’’ ਬਾਰੇ ਡਾਇਰੈਕਟਰ ਜਨਰਲ ਆਫ ਸਿਵਲ ਏਵੀਏਸ਼ਨ ਦੀ ਨੀਤੀ ਦੀ ਵੀ ਉਲੰਘਨਾ ਹੈ। ਇਸ ਲਈ ਉਕਤ ਹਾਲਾਤ ਨੂੰ ਮੁੱਖ ਰੱਖਦਿਆਂ ਅਤੇ ਜ਼ਿਲਾ ਫਾਜ਼ਿਲਕਾ ਵਿੱਚ ਅਮਨ ਤੇ ਕਾਨੂੰਨ ਦੀ ਸਥਿਤੀ ਅਤੇ ਰਾਸ਼ਟਰੀ ਸੁਰੱਖਿਆ ਨੂੰ ਕਾਇਮ ਰੱਖਣਾ ਯਕੀਨੀ ਬਣਾਉਣ ਲਈ ਇਹ ਹੁਕਮ ਜਾਰੀ ਕੀਤੇ ਗਏ ਹਨ।

**ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਧਾਰਮਿਕ ਸਥਾਨਾਂ ਦੀ ਸੁਰੱਖਿਆ ਲਈ ਪਹਿਰਾ ਲਾਉਣ ਅਤੇ ਚੌਕਸੀ ਰੱਖਣ ਦੇ ਆਦੇਸ਼**

**ਫ਼ਾਜ਼ਿਲਕਾ, 6 ਅਪ੍ਰੈਲ**

ਜ਼ਿਲ੍ਹਾ ਮੈਜਿਸਟ੍ਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਜ਼ਿਲ੍ਹਾ ਫਾਜ਼ਿਲਕਾ ਦੀ ਹਦੂਦ ਵਿਚ ਪੰਜਾਬ ਵਿਲੇਜ ਅਤੇ ਸਮਾਲ ਟਾਊਨਜ਼ ਪੈਟਰੋਲ ਐਕਟ 1918 ਦੀ ਧਾਰਾ 3 ਅਤੇ ਫੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਪਿੰਡਾਂ ਅਤੇ ਕਸਬਿਆਂ ਦੇ ਧਾਰਮਿਕ ਸਥਾਨਾਂ ਦੀ ਸੁਰੱਖਿਆ ਨੂੰ ਧਿਆਨ ਵਿਚ ਰੱਖਦਿਆਂ ਪਿੰਡਾਂ ਦੀਆਂ ਸਮੂਹ ਪੰਚਾਇਤਾਂ ਅਤੇ ਧਾਰਮਿਕ ਸਥਾਨਾਂ ਦੀਆਂ ਕਮੇਟੀਆਂ, ਬੋਰਡਾਂ ਅਤੇ ਟਰੱਸਟਾਂ ਦੇ ਮੁਖੀਆਂ ਨੂੰ ਪਹਿਰਾ ਲਗਾਉਣ ਦੇ ਆਦੇਸ਼ ਜਾਰੀ ਕੀਤੇ ਹਨ। ਇਹ ਹੁਕਮ 31 ਮਈ 2021 ਤੱਕ ਲਾਗੂ ਰਹਿਣਗੇ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਪਿਛਲੇ ਦਿਨੀ ਧਾਰਮਿਕ ਸਥਾਨਾਂ ‘ਤੇ ਸ਼ਰਾਰਤੀ ਅਨਸਰਾਂ ਵੱਲੋਂ ਬੇਅਦਬੀ ਦੀਆਂ ਘਟਨਾਵਾਂ ਹੋਇਆ ਹਨ। ਇਨ੍ਹਾਂ ਕਾਰਨ ਇਲਾਕੇ ਵਿਚ ਤਣਾਅ ਪੈਦਾ ਹੋਣ ਦਾ ਡਰ ਬਣਿਆ ਰਹਿੰਦਾ ਹੈ ਜਿਸ ਕਾਰਨ ਲੋਕਾਂ ਦੀ ਜਾਨ ਮਾਲ ਨੂੰ ਨੁਕਸਾਨ ਪਹੁੰਚਣ ਦਾ ਖ਼ਦਸ਼ਾ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਹਾਲਤਾਂ ਵਿਚ ਇਹ ਜ਼ਰੂਰੀ ਹੈ ਕਿ ਪਿੰਡਾਂ ਅਤੇ ਕਸਬਿਆਂ ਵਿਚ ਧਾਰਮਿਕ ਸਥਾਨਾਂ ਦੀ ਮਰਿਆਦਾ ਨੂੰ ਕਾਇਮ ਰੱਖਿਆ ਜਾਵੇ ਤਾਂ ਜੋ ਧਾਰਮਿਕ ਸਥਾਨਾਂ ਦੀ ਸੁਰੱਖਿਆ ਅਤੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਨਾ ਪਹੁੰਚ ਸਕੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ ਅਮਨ ਕਾਨੂੰਨ

ਦੀ ਸਥਿਤੀ ਬਣਾਈ ਰੱਖਣ ਅਤੇ ਧਾਰਮਿਕ ਸਥਾਨਾਂ ਦੀ ਸੁਰੱਖਿਆ ਲਈ ਢੁਕਵੇਂ ਕਦਮ ਫੌਰੀ ਤੌਰ 'ਤੇ ਚੁੱਕਣ ਦੀ ਜ਼ਰੂਰਤ ਤਹਿਤ ਇਹ ਹੁਕਮ ਜਾਰੀ ਕੀਤੇ ਗਏ ਹਨ।

**ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਜ਼ਿਲੇ ਦੀਆਂ ਸਰਕਾਰੀ ਇਮਾਰਤਾਂ ਅਤੇ ਪਾਣੀ ਦੀਆਂ ਟੈਂਕੀਆਂ ਆਦਿ ਦੀ ਸੁਰੱਖਿਆ ਲਈ ਕਰਮਚਾਰੀਆਂ ਦੀ 24 ਘੰਟੇ ਡਿਊਟੀ ਲਗਾਉਣ ਦੇ ਆਦੇਸ਼**

**ਫ਼ਾਜ਼ਿਲਕਾ, 6 ਅਪ੍ਰੈਲ**

ਜ਼ਿਲਾ ਮੈਜਿਸਟ੍ਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਫੌਜਦਾਰੀ ਜਾਬਤਾ ਸੰਘਤਾ 1973 ਦੀ ਧਾਰਾ 144 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲੇ ਦੀਆਂ ਸਰਕਾਰੀ ਇਮਾਰਤਾਂ ਅਤੇ ਪਾਣੀ ਦੀਆਂ ਟੈਂਕੀਆਂ ਆਦਿ ਦੀ ਸੁਰੱਖਿਆ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਉਹ ਆਪਣੇ ਅਧੀਨ ਆਉਂਦੇ ਅਧਿਕਾਰੀ/ ਕਰਮਚਾਰੀ/ਚੌਂਕੀਦਾਰ ਦੀ 24 ਘੰਟੇ ਲਈ ਡਿਊਟੀ ਲਗਾਈ ਜਾਵੇ, ਤਾਂ ਜੋ ਕਿਸੇ ਵੀ ਜਥੇਬੰਦੀ ਵੱਲੋਂ ਰੋਸ਼ ਪ੍ਰਦਰਸ਼ਨ ਦੀ ਕਾਰਵਾਈ ਨੂੰ ਰੋਕਿਆ ਜਾ ਸਕੇ। ਇਹ ਹੁਕਮ 31 ਮਈ 2021 ਤੱਕ ਲਾਗੂ ਰਹਿਣਗੇ।

ਹੁਕਮਾਂ ਵਿੱਚ ਕਿਹਾ ਕਿ ਅਕਸਰ ਹੀ ਵੇਖਣ ਵਿੱਚ ਆਉਂਦਾ ਹੈ ਕਿ ਵੱਖ-ਵੱਖ ਜਥੇਬੰਦੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਮਨਵਾਉਣ ਲਈ ਅਣਅਧਿਕਾਰਤ ਤੌਰ 'ਤੇ ਵੱਖ-ਵੱਖ ਸਰਕਾਰੀ ਇਮਾਰਤਾਂ, ਜਿਸ ਵਿੱਚ ਪਾਣੀ ਦੀਆਂ ਟੈਂਕੀਆਂ ਵੀ ਸ਼ਾਮਲ ਹਨ ਤੇ ਚੱੜ ਕੇ ਆਤਮਦਾਹ ਦੀ ਧਮਕੀਆਂ ਦਿੱਤੀਆਂ ਜਾਂਦੀਆਂ ਹਨ। ਇਨਾਂ ਹਾਲਾਤਾਂ ਨੂੰ ਨਜਿੱਠਣ ਲਈ ਕਾਫ਼ੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਇਨਾਂ ਇਮਾਰਤਾਂ/ਬਿਲਡਿੰਗਾਂ/ਟੈਂਕੀਆਂ 'ਤੇ ਚੜਕੇ ਵੱਖ-ਵੱਖ ਜਥੇਬੰਦੀਆਂ ਵੱਲੋਂ ਕੀਤੇ ਜਾਣ ਵਾਲੇ ਰੋਸ਼ ਪ੍ਰਦਰਸ਼ਨ ਨੂੰ ਰੋਕਿਆ ਜਾਣਾ ਜ਼ਰੂਰੀ ਹੈ। ਇਨਾਂ ਹੁਕਮਾਂ ਦੀ ਉਲਘੰਨਾ ਕਰਨ ਦੀ ਸੂਰਤ ਵਿੱਚ ਸਬੰਧਤ ਵਿਭਾਗ ਦੇ ਪੁਲਿਸ ਮੁੱਖੀ ਦੀ ਜਿਮੇਵਾਰੀ ਫਿਕਸ ਕੀਤੀ ਜਾਵੇਗੀ।

**ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਪੰਜ ਜਾਂ ਪੰਜ ਤੋਂ ਵਧੇਰੇ ਵਿਅਕਤੀਆਂ ਦੇ ਇਕੱਠੇ ਹੋਣ 'ਤੇ ਪਾਬੰਦੀ**

**ਫਾਜ਼ਿਲਕਾ 6 ਅਪ੍ਰੈਲ**

ਜ਼ਿਲਾ ਮੈਜਿਸਟੇ੍ਰਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਫ਼ੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲੇ ਅੰਦਰ ਪੰਜ ਜਾਂ ਪੰਜ ਤੋਂ ਵਧੇਰੇ ਵਿਅਕਤੀਆਂ ਦੇ ਇਕੱਠੇ ਹੋਣ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 31 ਮਈ 2021 ਤੱਕ ਲਾਗੂ ਰਹਿਣਗੇ।

ਜ਼ਿਲਾ ਮੈਜਿਸਟ੍ਰੇਟ ਵੱਲੋਂ ਜਾਰੀ ਹੁਕਮਾਂ ਵਿੱਚ ਜ਼ਿਲੇ ਅੰਦਰ ਅਮਨ-ਕਾਨੂੰਨ ਦੀ ਸਥਿਤੀ ਬਣਾਈ ਰੱਖਣ ਅਤੇ ਲੋਕਾਂ ਦੀ ਜਾਨ-ਮਾਲ ਦੀ ਰਾਖੀ ਦੇ ਮੱਦੇ-ਨਜ਼ਰ ਪੰਜ ਜਾਂ ਪੰਜ ਤੋਂ ਵਧੇਰੇ ਵਿਅਕਤੀਆਂ ਦੇ ਇਕੱਠੇ ਹੋਣ ਜਾਂ ਜਨਤਕ ਥਾਵਾਂ ਤੇ

ਮੀਟਿੰਗਾਂ ਕਰਨ, ਨਾਅਰੇ ਲਗਾਉਣ, ਜਲੂਸ ਕੱਢਣ ਅਤੇ ਭੜਕਾਊ ਪ੍ਰਚਾਰ ਕਰਨ ਅਤੇ ਜਨਤਕ ਥਾਵਾਂ ਤੇ ਉਤੇਜਿਕ ਸ਼ਬਦ ਇਸਤੇਮਾਲ ਕਰਨ ਦੀ ਮਨਾਹੀ ਦੇ ਹੁਕਮ ਜਾਰੀ ਕੀਤੇ ਹਨ। ਉਨਾਂ ਦੱਸਿਆ ਕਿ ਜ਼ਿਲਾ ਫਾਜ਼ਿਲਕਾ ਵਿੱਚ ਵੱਖ-ਵੱਖ ਜਥੇਬੰਦੀਆਂ/ਧਾਰਮਿਕ ਸੰਗਠਨਾਂ ਵੱਲੋਂ ਧਰਨੇ ਅਤੇ ਹੜਤਾਲਾਂ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ, ਜਿਸ ਨਾਲ ਆਵਾਜਾਈ ਵਿੱਚ ਵਿਘਨ ਪੈਂਦਾ ਹੈ ਅਤੇ ਆਮ ਜਨ-ਜੀਵਨ ਅਸਤ-ਵਿਅਸਤ ਹੋਣ ਦਾ ਵੀ ਡਰ ਹੁੰਦਾ ਹੈ। ਇਸ ਤੋਂ ਇਲਾਵਾ ਜਨਤਕ ਸ਼ਾਂਤੀ ਭੰਗ ਹੋਣ ਨਾਲ ਸਰਕਾਰੀ ਅਤੇ ਨਿੱਜੀ ਜਾਇਦਾਦ ਦੇ ਨੁਕਸਾਨ ਹੋਣ ਦਾ ਵੀ ਅੰਦੇਸ਼ਾ ਰਹਿੰਦਾ ਹੈ। ਜਿਸ ਦੌਰਾਨ ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣਾ ਬਹੁਤ ਜ਼ਰੂਰੀ ਹੈ।

ਇਹ ਹੁਕਮ ਸਰਕਾਰੀ ਡਿਊਟੀ ਕਰ ਰਹੇ ਪੁਲਿਸ, ਫੌਜ਼ ਦੇ ਜਵਾਨ, ਸਰਕਾਰੀ ਕਰਮਚਾਰੀ ਅਤੇ ਵਿਆਹ-ਸ਼ਾਦੀਆਂ ਤੇ ਮਾਤਮੀ ਜਲੂਸ ਅਤੇ ਉਹ ਸਾਰੀਆਂ ਥਾਵਾਂ ਜਿਸ ਲਈ ਸਪਸ਼ਟ ਪ੍ਰਵਾਨਗੀ ਜ਼ਿਲਾ ਮੈਜਿਸਟਰੇਟ/ਉੱਪ ਮੰਡਲ ਮੈਜਿਸਟਰੇਟ ਤੋਂ ਲਈ ਹੋਵੇ ’ਤੇ ਲਾਗੂ ਨਹੀਂ ਹੋਵੇਗਾ।

**ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਈਚ ਵੰਨ ਬਰਿੰਗ ਵੰਨ ਮੁਹਿੰਮ ਤਹਿਤ ਜਿਲ੍ਹਾ ਸਿੱਖਿਆ ਅਫਸਰ ਨੇ ਮਾਪਿਆਂ ਨੂੰ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਬਚਿਆਂ ਦਾ ਦਾਖਲਾ ਕਰਵਾਉਣ ਲਈ ਕੀਤਾ ਪ੍ਰੇਰਿਤ**

**ਆਪਣੇ ਹੱਥੀ ਬੱਚੇ ਦਾਖਲ ਕਰਵਾ ਕੇ ਦਾਖਲਾ ਮੁਹਿੰਮ ਨੂੰ ਦਿੱਤਾ ਬੜਾਵਾ**

**ਫਾਜ਼ਿਲਕਾ 6 ਅਪ੍ਰੈਲ**

ਸਿੱਖਿਆ ਮੰਤਰੀ ਸ੍ਰੀ ਵਿਜੈ ਇੰਦਰ ਸਿੰਗਲਾ ਦੀ ਰਹਿਨੁਮਾਈ ਅਤੇ ਸਕੱਤਰ ਸਕੂਲ ਸਿੱਖਿਆ ਵਿਭਾਗ ਪੰਜਾਬ ਸ੍ਰੀ ਕ੍ਰਿਸ਼ਨ ਕੁਮਾਰ ਦੀ ਯੋਗ ਅਗਵਾਈ ਵਿੱਚ ਸਿੱਖਿਆ ਵਿਭਾਗ ਪੰਜਾਬ ਵੱਲੋਂ ਸਰਕਾਰੀ ਸਕੂਲਾਂ ਵਿਚ ਦਾਖਲਿਆਂ ਨੂੰ ਬੜਾਵਾ ਦੇਣ ਲਈ ਸ਼ੁਰੂ ਕੀਤੀ ਈਚ ਵੰਨ ਬਰਿੰਗ ਵੰਨ ਮੁਹਿੰਮ ਤਹਿਤ ਜਿਲ੍ਹਾ ਫਾਜਿਲਕਾ ਦੇ ਵੱਖ ਵੱਖ ਸਕੂਲਾਂ ਵੱਲੋਂ ਪਿੰਡਾਂ ਵਿਚ ਜਾਗਰੂਕਤਾ ਦਾਖਲਾ ਅਭਿਆਨ ਚਲਾਇਆ ਹਨ।

ਇਸੇ ਕੜੀ ਤਹਿਤ ਜਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਫਾਜ਼ਿਲਕਾ ਡਾ. ਸੁਖਵੀਰ ਸਿੰਘ ਬੱਲ ਨੈਸ਼ਨਲ ਅਵਾਰਡੀ ਵੱਲੋ ਪਿੰਡ ਸਵਾਹ ਵਾਲਾ ਵਿਖੇ ਪਹੁੰਚ ਕੇ ਮਾਪਿਆਂ ਨੂੰ ਆਪਣੇ ਬੱਚੇ ਸਰਕਾਰੀ ਪ੍ਰਾਇਮਰੀ ਸਕੂਲ ਸਵਾਹ ਵਾਲਾ ਬਲਾਕ ਗੁਰੂਹਰਸਹਾਏ 3 ਵਿਖੇ ਦਾਖਲ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ। ਉਹਨਾਂ ਵੱਲੋਂ ਲੋਕਾਂ ਨੂੰ ਸਰਕਾਰੀ ਸਕੂਲਾਂ ਵਿੱਚ ਮਿਲ ਰਹੀਆਂ ਸਹੂਲਤਾਂ ਤੋ ਜਾਣੂ ਕਰਵਾਇਆ ਅਤੇ ਮਾਪਿਆਂ ਨੂੰ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਲਈ ਪ੍ਰੇਰਿਤ ਕੀਤਾ।

ਉਹਨਾਂ ਕਿਹਾ ਕਿ ਸਾਡੇ ਸਰਕਾਰੀ ਸਕੂਲ ਪੂਰਨ ਸਮਾਰਟ ਬਣ ਚੁੱਕੇ ਹਨ ਜਿੱਥੇ ਪ੍ਰੋਜੈਕਟਰ, ਐਲ.ਈ.ਡੀ ਅਤੇ ਆਧੁਨਿਕ ਤਕਨੀਕਾਂ ਰਾਹੀਂ ਉੱਚ ਪਾਏ ਦੀ ਸਿੱਖਿਆ ਦਿੱਤੀ ਜਾਂਦੀ ਹੈ। ਸਰਕਾਰੀ  ਸਕੂਲਾਂ ਵਿੱਚ ਉੱਚ ਯੋਗਤਾ ਪ੍ਰਾਪਤ ਅਧਿਆਪਕ ਮੌਜੂਦ ਹਨ।ਸਿੱਖਿਆ ਦੇ ਨਾਲ- ਨਾਲ ਸਹਾਇਕ ਗਤੀਵਿਧੀਆਂ ਅਤੇ ਖੇਡਾਂ ਵਿੱਚ ਵੀ ਵਿਦਿਆਰਥੀਆਂ ਨੂੰ ਅੱਗੇ ਵਧਣ ਲਈ ਪੂਰੇ ਮੌਕੇ ਪ੍ਰਦਾਨ ਕੀਤੇ ਜਾ ਰਹੇ ਹਨ। ਇਸ ਮੌਕੇ `ਤੇ ਸੀਐਚਟੀ ਗੁਰਦਿੱਤ ਸਿੰਘ ਨੇ ਕਿਹਾ ਸਮਾਰਟ ਸਕੂਲ ਸਵਾਹ ਵਾਲਾ ਸਕੂਲ ਵਿੱਚ ਪੰਜਾਬੀ ਦੇ ਨਾਲ ਅੰਗਰੇਜ਼ੀ ਮਾਧਿਅਮ ਰਾਹੀਂ ਪੜ੍ਹਾਈ ਕਰਵਾਈ ਜਾਂਦੀ ਹੈ।ਉੱਥੇ ਕਿਤਾਬਾਂ, ਵਰਦੀਆਂ ਮੁਫਤ ਅਤੇ ਵੱਡੇ ਪੱਧਰ `ਤੇ ਵਜੀਫੇ ਵੀ ਸਰਕਾਰ ਵੱਲੋਂ ਦਿੱਤੇ

ਜਾ ਰਹੇ ਹਨ।

ਇਸ ਮੌਕੇ `ਤੇ ਸਕੂਲ ਦਾ ਸਮੂਹ ਸਟਾਫ ਮੌਜੂਦ ਸੀ।



**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

**ਕਣਕ ਦੀ ਸੁ◌ੁਚਾਰੂ ਖਰੀਦ ਲਈ ਵਿਧਾਇਕਾਂ ਅਤੇ ਡਿਪਟੀ ਕਮਿਸ਼ਨਰ ਵੱਲੋਂ ਸਮੀਖਿਆ ਬੈਠਕ**

**8.40 ਲੱਖ ਟਨ ਕਣਕ ਦੀ ਹੋਵੇਗੀ ਜ਼ਿਲੇ ਵਿਚ ਖਰੀਦ**

**ਫਾਜ਼ਿਲਕਾ, 6 ਅਪ੍ਰੈਲ (     )**

ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਕਣਕ ਦੀ ਸੁਚਾਰੂ ਖਰੀਦ ਲਈ ਸਾਰੇ ਇੰਤਜਾਮ ਕੀਤੇ ਜਾ ਰਹੇ ਹਨ। ਇਸੇ ਲੜੀ ਵਿਚ ਕਣਕ ਖਰੀਦ ਪ੍ਰਬੰਧਾਂ ਦੀ ਸਮੀਖਿਆ ਲਈ ਇਕ ਬੈਠਕ ਹੋਈ ਜਿਸ ਵਿਚ ਬੱਲੂਆਣਾ ਦੇ ਵਿਧਾਇਕ ਸ੍ਰੀ ਨੱਥੂ ਰਾਮ, ਫਾਜ਼ਿਲਕਾ ਦੇ ਵਿਧਾਇਕ ਸ੍ਰੀ ਦਵਿੰਦਰ ਸਿੰਘ ਘੁਬਾਇਆ ਅਤੇ ਜਲਾਲਾਬਾਦ ਦੇ ਵਿਧਾਇਕ ਸ੍ਰੀ ਰਮਿੰਦਰ ਸਿੰਘ ਆਮਲਾ ਅਤੇ ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਅਤੇ ਸ੍ਰੀ ਸੰਦੀਪ ਜਾਖੜ ਨੇ

ਖਰੀਦ ਏਂਜਸੀਆਂ ਅਤੇ ਮਾਰਕਿਟ ਕਮੇਟੀਆਂ ਦੇ ਅਧਿਕਾਰੀਆਂ ਨਾਲ ਬੈਠਕ ਕੀਤੀ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਇਸ ਸਾਲ 8 ਲੱਖ 40 ਹਜਾਰ ਮੀਟ੍ਰਿਕ ਟਨ ਕਣਕ ਦੀ ਖਰੀਦ ਕਰਨ ਦਾ ਟੀਚਾ ਹੈ। ਉਨਾਂ ਨੇ ਕਿਹਾ ਕਿ ਜ਼ਿਲੇ ਵਿਚ 96 ਖਰੀਦ ਕੇਂਦਰ ਪਹਿਲਾਂ ਹੀ ਸਥਾਪਿਤ ਹਨ ਜਦ ਕਿ ਕੋਵਿਡ ਦੇ ਮੱਦੇਨਜਰ ਹੋਰ ਵਿਵਸਥਾ ਕਰਨਾ ਹਿੱਤ 11 ਹੋਰ ਥਾਂਵਾਂ ਨੂੰ ਵੀ ਚਿੰਨਹਤ ਕੀਤਾ ਹੋਇਆ ਹੈ। ਉਨਾਂ ਨੇ ਏਂਜਸੀਆਂ ਨੂੰ ਪਾਬੰਦ ਕੀਤਾ ਕਿ ਉਹ 10 ਅਪ੍ਰੈਲ ਤੱਕ ਸਾਰੇ ਰਹਿੰਦੇ ਇੰਤਜਾਮ ਪੂਰੇ ਕਰਦੇ ਹੋਏ ਹਰੇਕ ਖਰੀਦ ਕੇਂਦਰ ਤੱਕ ਬਾਰਦਾਨੇ ਦੀ ਪਹੁੰਚ ਯਕੀਨੀ ਬਣਾ ਦੇਣ। ਉਨਾਂ ਨੇ ਕਿਹਾ ਕਿ ਹਰੇਕ ਸਬ ਡਵੀਜ਼ਨ ਵਿਚ ਐਸ.ਡੀ.ਐਮ. ਸਹਿਬਾਨ ਆਪਣੇ ਪੱਧਰ ਤੇ ਰੋਜਾਨਾ ਅਧਾਰ ਤੇ ਮੰਡੀਆਂ ਦੀ ਨਿਗਰਾਨੀ ਕਰਣਗੇ।

ਡਿਪਟੀ ਕਮਿਸ਼ਨਰ ਨੇ ਮਾਰਕਿਟ ਕਮੇਟੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿਚ ਸਫਾਈ, ਰੌਸ਼ਨੀ, ਛਾਂਅ, ਪੀਣ ਦੇ ਪਾਣੀ ਦੇ ਇੰਤਜਾਮ ਦੇ ਨਾਲ ਨਾਲ ਆੜਤੀਆਂ ਨੂੰ ਕਿਹਾ  ਜਾਵੇ ਕਿ ਉਹ ਲੋੜ ਅਨੁਸਾਰ ਤਰਪਾਲਾਂ, ਕੰਡਿਆਂ ਅਤੇ ਕਣਕ ਦੀ ਸਫਾਈ ਵਾਲੀਆਂ ਮਸ਼ੀਨਾਂ ਦਾ ਪ੍ਰਬੰਧ ਕਰਨ। ਉਨਾਂ ਨੇ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਮੰਡੀ ਵਿਚ ਆਉਣ ਵਾਲੇ ਕਿਸਾਨ ਨੂੰ ਕੋਈ ਦਿੱਕਤ ਨਾ ਆਵੇ।

ਇਸ ਮੌਕੇ ਐਸ.ਡੀ.ਐਮ. ਸ੍ਰੀ ਕੇਸਵ ਗੋਇਲ, ਸ੍ਰੀ ਸੂਬਾ ਸਿੰਘ, ਸਹਾਇਕ ਕਮਿਸ਼ਨਰ ਜਨਰਲ ਕੰਵਰਜੀਤ ਸਿੰਘ, ਡੀਐਫਐਸਸੀ ਸ੍ਰੀ ਗੁਰਪ੍ਰੀਤ ਸਿੰਘ ਕੰਗ, ਉਪ ਜ਼ਿਲਾ ਮੰਡੀ ਅਫ਼ਸਰ ਸ੍ਰੀ ਸੁਲੋਧ ਬਿਸ਼ਨੋਈ, ਮਾਰਕਿਟ ਕਮੇਟੀ ਫਾਜ਼ਿਲਕਾ ਦੇ ਚੇਅਰਮੈਨ ਸ੍ਰੀ ਪ੍ਰੇਮ ਕੁਲਾਰੀਆ ਵੀ ਹਾਜਰ ਸਨ।



**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

**ਡਿਪਟੀ ਕਮਿਸ਼ਨਰ ਵੱਲੋਂ ਵਿਕਾਰ ਪ੍ਰੋਜੈਕਟ ਅਤੇ ਸਮਾਜ ਭਲਾਈ ਸਕੀਮਾਂ ਦੀ ਸਮੀਖਿਆ**

**ਲੋਕਾਂ ਤੱਕ ਸਰਕਾਰੀ ਸਕੀਮਾਂ ਦਾ ਲਾਭ ਪੁੱਜਦਾ ਕੀਤਾ ਜਾਵੇ**

**ਸਮਾਰਟ ਵਿਲੇਜ਼ ਸਕੀਮ ਤਹਿਤ ਜ਼ਿਲੇ ਵਿਚ ਖਰਚੇ 20.30 ਕਰੋੜ**

**ਫਾਜ਼ਿਲਕਾ, 6 ਅਪ੍ਰੈਲ (     )**

ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਅੱਜ ਇੱਥੇ ਵੱਖ ਵੱਖ ਵਿਭਾਗਾਂ ਦੇ ਵਿਕਾਸ ਪ੍ਰੋਜੈਕਟਾਂ ਅਤੇ ਸਮਾਜ ਭਲਾਈ ਸਕੀਮਾਂ ਦੀ ਸਮੀਖਿਆ ਕੀਤੀ। ਇਸ ਮੌਕੇ ਉਨਾਂ ਨੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਵਿਕਾਸ ਪ੍ਰੋਜੈਕਟ ਸਮੇਂ ਸਿਰ ਮੁਕੰਮਲ ਕਰਨ ਦੇ ਨਾਲ ਨਾਲ ਸਮਾਜ ਭਲਾਈ ਸਕੀਮਾਂ ਦਾ ਲਾਭ ਲੋੜਵੰਦਾਂ ਤੱਕ ਪੁੱਜਦਾ ਕਰਨ ਦੇ ਨਿਰਦੇਸ਼ ਦਿੱਤੇ।

ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਪਿੰਡਾਂ ਨੂੰ ਸਮਾਰਟ ਪਿੰਡ ਬਣਾਉਣ ਲਈ ਸ਼ੁਰੂ ਕੀਤੀ ਸਮਾਰਟ ਵਿਲੇਜ ਸਕੀਮ ਤਹਿਤ ਜ਼ਿਲਾ ਫਾਜ਼ਿਲਕਾ ਦੇ ਪਿੰਡਾਂ ਵਿਚ 1053 ਪ੍ਰੋਜੈਕਟਾਂ ਲਈ ਸਰਕਾਰ ਵੱਲੋਂ 20.30 ਕਰੋੜ ਰੁਪਏ ਜਾਰੀ ਕੀਤੇ ਗਏ ਹਨ। ਇੰਨਾਂ ਵਿਚੋਂ 1039 ਕੰਮ ਮੁਕੰਮਲ ਵੀ ਹੋ ਗਏ ਹਨ। ਇੰਨਾਂ ਵਿਚੋਂ ਜਲਾਲਾਬਾਦ ਬਲਾਕ ਵਿਚ 376 ਕੰਮ, ਫਾਜ਼ਿਲਕਾ ਵਿਚ 107, ਅਬੋਹਰ ਵਿਚ 269, ਖੂਈਆਂ ਸਰਵਰ ਬਲਾਕ ਵਿਚ 198 ਅਤੇ ਅਰਨੀਵਾਲਾ ਬਲਾਕ ਵਿਚ 89 ਕੰਮ ਸ਼ਾਮਿਲ ਹਨ।

ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਹਿੰਸਾਂ ਪੀੜਤ ਔਰਤਾਂ ਦੀ ਮਦਦ ਲਈ ਜ਼ਿਲੇ ਵਿਚ ਸਖ਼ੀ ਸੈਂਟਰ ਚਲਾਇਆ ਜਾ ਰਿਹਾ ਹੈ ਇਸ ਵਿਚ ਹਿੰਸਾਂ ਤੋਂ ਪੀੜਤ ਔਰਤਾਂ ਨੂੰ ਇਲਾਜ, ਕਾਨੂੰਨੀ ਮਦਦ ਅਤੇ ਕਾਉਂਸਿਗ ਇੱਕੋ ਛੱਤ ਹੇਠ ਮੁਹਈਆ ਕਰਵਾਈ ਜਾਂਦੀ ਹੈ। ਪਿੱਛਲੇ ਦੋ ਸਾਲਾਂ ਵਿਚ ਇੱਥੋਂ ਕ੍ਰਮਵਾਰ 137 ਅਤੇ 48 ਔਰਤਾਂ ਨੂੰ ਮਦਦ ਮੁਹਈਆ ਕਰਵਾਈ ਗਈ ਹੈ।

ਇਸੇ ਤਰਾਂ ਜ਼ਿਲੇ ਵਿਚ ਅਵਾਜ ਯੋਜਨਾ ਤਹਿਤ 1505 ਘਰਾਂ ਦਾ ਨਿਰਮਾਣ ਸ਼ੁਰੂ ਹੋ ਚੁੱਕਾ ਹੈ ਜਿੰਨਾਂ ਵਿਚੋਂ 117 ਮੁਕੰਮਲ ਹੋ ਚੁੱਕੇ ਹਨ। ਇਸ ਯੋਜਨਾ ਤਹਿਤ ਸਰਕਾਰ ਵੱਲੋਂ ਬੇਘਰੇ ਲੋਕਾਂ ਨੂੰ ਮਕਾਨ ਬਣਾਉਣ ਲਈ ਵਿੱਤੀ ਮਦਦ ਦਿੱਤੀ ਜਾਂਦੀ ਹੈ।

ਬੈਠਕ ਵਿਚ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ੍ਰੀ ਨਵਲ ਰਾਮ, ਜ਼ਿਲਾ ਮਾਲ ਅਫ਼ਸਰ ਕਮ ਐਸਡੀਐਮ ਸ੍ਰੀ ਕੇਸਵ ਗੋਇਲ, ਸਹਾਇਕ ਕਮਿਸ਼ਨਰ ਜਨਰਲ ਸ: ਕੰਵਰਜੀਤ ਸਿੰਘ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜਰ ਸਨ।



**ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਡਿਪਟੀ ਕਮਿਸ਼ਨਰ ਵੱਲੋਂ ਵੈਕਸੀਨੇਸ਼ਨ ਪ੍ਰਕਿਰਿਆ ਵਿਚ ਤੇਜੀ ਲਿਆਉਣ ਸਬੰਧੀ ਅਧਿਕਾਰੀਆਂ ਨਾਲ ਮੀਟਿੰਗ**

**ਲੋਕਾਂ ਅੰਦਰ ਵੈਕਸੀਨ ਲਗਵਾਉਣ ਪ੍ਰਤੀ ਲਿਆਂਦੀ ਜਾਵੇ ਜਾਗਰੂਕਤਾ**

**ਫਾਜ਼ਿਲਕਾ 6 ਅਪ੍ਰੈਲ**

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਕਰੋਨਾ `ਤੇ ਠਲ ਪਾਉਣ ਲਈ ਵੈਕਸੀਨੇਸ਼ਨ ਪ੍ਰਕਿਰਿਆ `ਚ ਤੇਜੀ ਲਿਆਉਣ ਦੇ ਮੰਤਵ ਤਹਿਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਵੈਕਸੀਨੇਸ਼ਨ ਲਗਾਉਣ ਪ੍ਰਤੀ ਸਿਹਤ ਵਿਭਾਗ ਦੀਆਂ ਟੀਮਾਂ ਕੈਂਪ ਲਗਾ ਕੇ ਵੱਧ ਤੋਂ ਵੱਧ ਜਾਗਰੂਕ ਕਰਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ 5571 ਵਿਅਕਤੀਆਂ ਨੂੰ ਪ੍ਰਤੀ ਦਿਨ ਵੈਕਸੀਨੇਸ਼ਨ ਲਗਾਉਣ ਦਾ ਟੀਚਾ ਮਿਥਿਆ ਗਿਆ ਹੈ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਿਹਤ ਵਿਭਾਗ ਦੀਆਂ 137 ਟੀਮਾਂ ਵੱਲੋਂ ਸਿਹਤ ਕੇਂਦਰਾਂ ਵਿਖੇ ਵੈਕਸੀਨੇਸ਼ਨ ਦੀ ਪ੍ਰਕਿਰਿਆ ਆਰੰਭੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਰੋਜਾਨਾਂ ਦੇ ਆਧਾਰ `ਤੇ ਕੁਲ ਜ਼ਿਲ੍ਹੇ ਅੰਦਰ 5571 ਵੈਕਸੀਨੇਸ਼ਨ ਦੇ ਟੀਚੇ ਵਿਚ ਅਬੋਹਰ ਤਹਿਸੀਲ ਵਿਚ ਲਗਭਗ 2300, ਫਾਜਿਲਕਾ ਵਿਚ 1900 ਅਤੇ ਜਲਾਲਾਬਾਦ ਵਿਚ 1400 ਵਿਅਕਤੀਆਂ ਨੂੰ ਵੈਕਸੀਨੇਸ਼ਨ ਲਗਾਈ ਜਾ ਰਹੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਹਾਟ-ਸਪੋਟ ਇਲਾਕਿਆਂ ਦੀ ਪਹਿਚਾਣ ਕਰ ਲਈ ਗਈ ਹੈ ਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਾਟ-ਸਪੋਟ ਏਰੀਆ ਵਿਚ ਪਹਿਲ ਦੇ ਆਧਾਰ `ਤੇ ਵੈਕਸੀਨੇਸ਼ਨ ਕਰਨ ਦੇ ਆਦੇਸ਼ ਜਾਰੀ ਕੀਤੇ ਗਏ ਹਨ।ਉਨ੍ਹਾਂ ਸਬੰਧਤ ਐਸ.ਡੀ.ਐਮਜ਼ ਨੂੰ ਵੀ ਹਦਾਇਤ ਕੀਤੀ ਗਈ ਹੈ ਕਿ ਉਹ ਆਪਣੀ ਤਹਿਸੀਲ ਵਿਚ ਨਿਗਰਾਨੀ ਰੱਖਣ ਤੇ ਸਿਹਤ ਕੇਂਦਰਾਂ ਵਿਖੇ ਵੈਕਸੀਨੇਸ਼ਨ ਲਗਾਉਣ ਪ੍ਰਤੀ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਕਰਨ ਦੇ ਉਪਰਾਲੇ ਕਰਨ।ਉਨ੍ਹਾਂ ਕਿਹਾ ਕਿ ਸਬੰਧਤ ਵਿਭਾਗ ਇਸ ਮੁਹਿੰਮ ਵਿਚ ਵੱਧ ਤੋਂ ਵੱਧ ਸਹਿਯੋਗ ਕਰਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਰੋਨਾ ਦੇ ਕੇਸਾਂ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ। ਇਸ ਲਈ ਵੈਕਸੀਨੇਸ਼ਨ ਲਗਵਾਉਣ ਦੇ ਨਾਲ-ਨਾਲ ਸਾਵਧਾਨੀਆਂ ਦੀ ਪਾਲਣਾ ਵੀ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ ਜ਼ਿਲ੍ਹੇ ਅੰਦਰ 4622 ਕਰੋਨਾ ਪਾਜੀਟਿਵ ਆਏ ਹਨ ਜਿਸ ਵਿਚੋਂ 4264 ਜਣੇ ਕਰੋਨਾ ਨੂੰ ਮਾਤ ਦੇ ਚੁੱਕੇ ਹਨ।ਉਨ੍ਹਾਂ ਦੱਸਿਆ ਕਿ ਜਿਥੇ ਅੱਜ 51 ਜਣੇ ਪਾਜੀਟਿਵ ਆਏ ਹਨ ਉਥੇ 29 ਜਣਿਆਂ ਨੇ ਕਰੋਨਾ ਨੂੰ ਹਰਾਇਆ ਹੈ। ਉਨ੍ਹਾਂ ਕਿਹਾ ਕਿ ਐਕਟਿਵ ਕੇਸਾਂ ਦੀ ਗਿਣਤੀ 275 ਹੋ ਗਈ ਹੈ ਅਤੇ 83 ਜਣਿਆਂ ਦੀ ਮੌਤ ਹੋ ਚੁੱਕੀ ਹੈ।

ਸਿਵਲ ਸਰਜਨ ਡਾ. ਹਰਜਿੰਦਰ ਸਿੰਘ ਨੇ ਕਰੋਨਾ ਵੈਕਸੀਨ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਵੈਕਸੀਨ ਪੂਰੀ ਤਰ੍ਹਾਂ ਸੁਰੱਖਿਅਤ ਹੈ। ਉਨ੍ਹਾਂ ਕਿਹਾ ਕਿ 45 ਸਾਲ ਤੋਂ ਵੱਧ ਉਮਰ ਦੇ ਵਿਅਕਤੀ ਇਹ ਵੈਕਸੀਨ ਜ਼ਰੂਰ ਲਗਵਾਉਣ ਤਾਂ ਜੋ ਕਰੋਨਾ ਤੋਂ ਪੀੜਤ ਹੋਣ ਤੋਂ ਬਚਿਆ ਜਾ ਸਕੇ। ਉਨ੍ਹਾਂ ਕਿਹਾ ਕਿ ਸਬੂਤ ਵਜੋਂ ਕੋਈ ਵੀ ਪਹਿਚਾਣ ਪਤਰ ਲੈ ਕੇ ਸਿਹਤ ਵਿਭਾਗ ਵਿਖੇ ਪਹੁੰਚ ਕੇ ਵੈਕਸੀਨ ਲਗਵਾਈ ਜਾ ਸਕਦੀ ਹੈ। ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਯੋਗ ਲਾਭਪਾਤਰੀ ਆਪਣੇ ਨੇੜਲੇ ਸਿਹਤ ਕੇਂਦਰ ਵਿਖੇ ਜਾ ਕੇ ਵੈਕਸੀਨ ਜ਼ਰੂਰ ਲਗਵਾਉਣ।ਇਸ ਤੋਂ ਇਲਾਵਾ ਜ਼ਿਲ੍ਹਾ ਵਾਸੀ ਹਦਾਇਤਾਂ ਮੁਤਾਬਕ ਮਾਸਕ ਜ਼ਰੂਰ ਪਾਉਣ, ਸਮਾਜਿਕ ਦੂਰੀ ਬਣਾ ਕੇ ਰੱਖਣ, ਹੱਥਾਂ ਨੂੰ ਵਾਰ-ਵਾਰ ਧੋਣ ਅਤੇ ਭੀੜ ਵਾਲੀ ਜਗ੍ਹਾਂ ਜਾਣ ਤੋਂ ਗੁਰੇਜ਼ ਕਰਨ।

ਇਸ ਮੌਕੇ ਸਹਾਇਕ ਕਮਿਸ਼ਨਰ ਸ੍ਰੀ ਕੰਵਰਜੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਵਿ) ਸ੍ਰੀ ਨਵਲ ਰਾਮ, ਮੈਡਮ ਕਵਿਤਾ, ਡੀ.ਪੀ.ਐਮ. ਰਾਜੇਸ਼ ਤੋਂ ਇਲਾਵਾ ਹੋਰ ਅਧਿਕਾਰੀ ਮੌਜੂਦ ਸਨ।

